**16ਵੀਂ ਪੰਜਾਬ ਵਿਧਾਨ ਸਭਾ** **ਪੰਜਾਬ ਵਿਧਾਨ ਸਭਾ**

**ਬਾਰਵਾਂ ਸਮਾਗਮ, 2026** **ਬੁਲੇਟਿਨ ਨੰ: 08**

**ਸੋਮਵਾਰ, 13 ਅਪ੍ਰੈਲ, 2026**

(11.00 ਵਜੇ ਪੂਰਵ ਦੁਪਹਿਰ ਤੋਂ 02.19 ਵਜੇ ਬਾਅਦ ਦੁਪਹਿਰ ਤੱਕ)

1. **ਅਕਾਲ ਚਲਾਣਿਆ ਦਾ ਵਰਣਨ:-**

ਮਾਣਯੋਗ ਸਪੀਕਰ ਵੱਲੋਂ ਨਿਮਨਲਿਖਤ ਅਕਾਲ ਚਲਾਣਿਆਂ ਦਾ ਵਰਣਨ ਕੀਤਾ ਗਿਆ:

1. ਸਰਦਾਰ ਲਾਲ ਸਿੰਘ, ਸਾਬਕਾ ਮੰਤਰੀ, ਪੰਜਾਬ;
2. ਉਤਰ ਪ੍ਰਦੇਸ਼ ਦੇ ਪ੍ਰਸਿੱਧ ਤੀਰਥ ਸਥਾਨ ਮਥੁਰਾ-ਵ੍ਰਿੰਦਾਵਨ ਵਿਖੇ ਇੱਕ ਹਾਦਸੇ ਵਿੱਚ ਮਾਰੇ ਗਏ ਸ਼ਰਧਾਲੂ;
3. ਕਾਂਗੜਾ ਵਿਖੇ ਮਾਤਾ ਚਿੰਤਪੁਰਨੀ ਅਤੇ ਜਵਾਲਾਮੁੱਖੀ ਮਾਤਾ ਦੇ ਦਰਸ਼ਨਾ ਲਈ ਜਾ ਰਹੇ ਪੰਜਾਬ ਦੇ ਸ਼ਰਧਾਲੂਆਂ ਨਾਲ ਵਾਪਰੇ ਇੱਕ ਹਾਦਸੇ ਵਿੱਚ ਮਾਰੇ ਗਏ ਸ਼ਰਧਾਲੂ;
4. ਭਾਰਤੀ ਸੰਗੀਤ ਜਗਤ ਦੀ ਮਹਾਨ ਸ਼ਖਸੀਅਤ ਅਤੇ ਗਾਇਕਾ ਸ੍ਰੀਮਤੀ ਆਸ਼ਾ ਭੌਂਸਲੇ।

ਮਾਣਯੋਗ ਸਪੀਕਰ ਵੱਲੋਂ ਉਪਰੋਕਤ ਵਰਣਿਤ ਸ਼ਖਸੀਅਤਾਂ ਦੇ ਜੀਵਨ ਅਤੇ ਯੋਗਦਾਨ ਬਾਰੇ ਸਦਨ ਵਿੱਚ ਵਰਣਨ ਕੀਤਾ ਗਿਆ ਅਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਅਤੇ ਸਦਨ ਵੱਲੋਂ ਇਨ੍ਹਾਂ ਸ਼ਖਸੀਅਤਾਂ ਅਤੇ ਨਾਗਰਿਕਾਂ ਨੂੰ ਸ਼ਰਧਾਂਜਲੀਆਂ ਭੇਂਟ ਕੀਤੀਆਂ ਗਈਆਂ।

ਮਾਣਯੋਗ ਸਪੀਕਰ ਵੱਲੋਂ ਸਦਨ ਨੂੰ ਸੂਚਿਤ ਕੀਤਾ ਗਿਆ ਕਿ ਵਿਛੜੀਆਂ ਸ਼ਖਸੀਅਤਾਂ ਦੇ ਪਰਿਵਾਰਾਂ ਨੂੰ ਸ਼ੋਕ ਸੁਨੇਹੇ ਭੇਜ ਦਿੱਤੇ ਜਾਣਗੇ।

ਇਸ ਤੋਂ ਇਲਾਵਾ ਸਦਨ ਵੱਲੋਂ 13 ਅਪ੍ਰੈਲ, 1919 ਨੂੰ ਜਲ੍ਹਿਆਂ ਵਾਲਾ ਬਾਗ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਦੇਸ਼ ਦੀ ਅਜ਼ਾਦੀ ਲਈ ਕੁਰਬਾਨੀਆਂ ਦੇਣ ਵਾਲੇ ਸੁਤੰਤਰਤਾ ਸੰਗ੍ਰਾਮੀਆਂ ਨੂੰ ਯਾਦ ਕੀਤਾ ਅਤੇ ਸ਼ਰਧਾਂਜਲੀ ਭੇਂਟ ਕੀਤੀ ਗਈ।

ਸਦਨ ਨੇ ਵਿਛੜੀਆਂ ਰੂਹਾਂ ਦੀ ਯਾਦ ਵਿੱਚ ਸਤਿਕਾਰ ਵਜੋਂ ਦੋ ਮਿੰਟ ਲਈ ਖੜ੍ਹੇ ਹੋ ਕੇ ਮੌਨ ਧਾਰਨ ਕੀਤਾ।

2. **ਸਦਨ ਨੂੰ ਥੋੜ੍ਹੇ ਸਮੇਂ ਲਈ ਸਥੱਗਿਤ ਕਰਨਾ**

ਮਾਣਯੋਗ ਸਪੀਕਰ ਵੱਲੋਂ ਵਿਛੜੀਆਂ ਰੂਹਾਂ ਦੇ ਸਤਿਕਾਰ ਵਜੋਂ ਸਦਨ ਨੂੰ 11.08 ਵਜੇ ਪੂਰਵ ਦੁਪਹਿਰ ਤੋਂ 11.30 ਵਜੇ ਪੂਰਵ ਦੁਪਹਿਰ ਤੱਕ ਸਥੱਗਿਤ ਕੀਤਾ ਗਿਆ।

3. **ਮਾਣਯੋਗ ਸਪੀਕਰ ਵੱਲੋਂ ਸਵਾਗਤੀ ਐਲਾਨ**

ਮਾਣਯੋਗ ਸਪੀਕਰ ਵੱਲੋਂ ਵੱਖ-ਵੱਖ ਸਮੇਂ ਤੇ ਨਿਮਨਲਿਖਤ ਸ਼ਖਸੀਅਤਾਂ ਦੇ ਹਾਜ਼ਰ ਹੋਣ ਬਾਰੇ ਸਦਨ ਨੂੰ ਜਾਣੂੰ ਕਰਵਾਇਆ ਗਿਆ ਅਤੇ ਸਮੂਹ ਸਦਨ ਵੱਲੋਂ ਉਨ੍ਹਾਂ ਨੂੰ ਜੀ ਆਇਆਂ ਆਖਿਆ ਗਿਆ-

1. ਪੰਜਾਬ ਅਤੇ ਪੰਥ ਦੀਆਂ ਬਹੁਤ ਸਾਰੀਆਂ ਮਾਣਮੱਤੀਆਂ ਸਖਸ਼ੀਅਤਾਂ, ਵੱਖ-ਵੱਖ ਸੰਪਰਦਾਵਾਂ ਦੇ ਧਾਰਮਿਕ ਆਗੂ ਅਤੇ ਸੰਤ ਮਹਾਂਪੁਰਸ਼;
2. ਡਾ. ਗੁਰਪ੍ਰੀਤ ਕੌਰ, ਸੁਪਤਨੀ ਮਾਣਯੋਗ ਮੁੱਖ ਮੰਤਰੀ, ਪੰਜਾਬ;
3. ਸੰਤ ਬਾਬਾ ਅਤਰ ਸਿੰਘ ਖਾਲਸਾ ਕਾਲਜ, ਸੰਦੌੜ, ਮਲੇਰਕੋਟਲਾ ਦੇ ਵਿਦਿਆਰਥੀ।

4. **<u>ਨਿਯਮ 16 ਅਧੀਨ ਪ੍ਰਸਤਾਵ</u>**

ਸੰਸਦੀ ਮਾਮਲੇ ਮੰਤਰੀ ਦੁਆਰਾ ਨਿਮਨਲਿਖਤ ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ-

"ਕਿ ਵਿਧਾਨ ਸਭਾ ਅੱਜ ਇਸ ਦੇ ਉੱਠ ਜਾਣ ਤੇ ਅਣਮਿੱਥੇ ਸਮੇਂ ਲਈ ਸਥੱਗਿਤ ਹੋ ਜਾਵੇਗੀ।

ਪ੍ਰਸਤਾਵ ਤੇ ਵਿਰੋਧੀ ਧਿਰ ਦੇ ਨੇਤਾ ਸਰਦਾਰ ਪ੍ਰਤਾਪ ਸਿੰਘ ਬਾਜਵਾ 01 ਮਿੰਟ ਲਈ ਬੋਲੇ।

5. **<u>ਮੇਜ਼ ਤੇ ਰੱਖੇ ਗਏ ਕਾਗਜ਼-ਪੱਤਰ</u>**

ਸੰਸਦੀ ਮਾਮਲੇ ਮੰਤਰੀ ਨੇ ਅੱਜ ਦੀ ਕਾਰਜ-ਸੂਚੀ ਦੇ ਲੜੀ ਨੰ: 3 ਅਧੀਨ ਦਰਸਾਏ ਗਏ ਲੜੀ ਨੰ: 1 ਤੋਂ 4 ਤੱਕ ਦੇ ਵਰਣਿਤ ਕਾਗਜ਼-ਪੱਤਰ ਸਦਨ ਦੀ ਮੇਜ਼ ਤੇ ਰੱਖੇ।

6. **<u>ਪੰਜਾਬ ਵਿਧਾਨ ਸਭਾ (ਪੰਜਾਬ ਲੈਜਿਸਲੇਟਿਵ ਅਸੈਂਬਲੀ) ਦੇ ਕਾਰਜਵਿਧੀ ਅਤੇ ਕਾਰਜ ਸੰਚਾਲਣ ਨਿਯਮਾਵਲੀ ਦੇ ਕੁਝ ਨਿਯਮਾਂ ਨੂੰ ਮੁਅੱਤਲ ਕਰਨ ਸੰਬੰਧੀ ਪ੍ਰਸਤਾਵ:-</u>**

ਸੰਸਦੀ ਮਾਮਲੇ ਮੰਤਰੀ ਵਲੋਂ ਹੇਠ ਲਿਖਿਆ ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

"ਕਿ ਇਹ ਸਦਨ ਸੰਕਲਪ ਕਰਦਾ ਹੈ ਕਿ 16ਵੀਂ ਪੰਜਾਬ ਵਿਧਾਨ ਸਭਾ (ਪੰਜਾਬ ਲੈਜਿਸਲੇਟਿਵ ਅਸੈਂਬਲੀ), ਜਿਸ ਨੂੰ ਇਸ ਦੇ 12ਵੇਂ ਸਮਾਗਮ ਦੌਰਾਨ ਕੁੱਝ ਜ਼ਰੂਰੀ ਅਤੇ ਮਹੱਤਵਪੂਰਨ ਸਰਕਾਰੀ ਕੰਮ-ਕਾਰ ਲਈ ਮੁੜ ਇਕੱਤਰ ਹੋਣ ਲਈ ਬੁਲਾਇਆ ਗਿਆ ਹੈ, ਦੀ ਇਸ ਵਿਸ਼ੇਸ਼ ਬੈਠਕ ਦੌਰਾਨ ਕੇਵਲ ਸਰਕਾਰੀ ਕੰਮ-ਕਾਰ ਹੀ ਕੀਤਾ ਜਾਵੇ ਅਤੇ ਹੋਰ ਕੋਈ ਵੀ ਕੰਮ-ਕਾਰ, ਜਿਸ ਵਿਚ ਪ੍ਰਸ਼ਨ, ਧਿਆਨ ਦਿਵਾਊ ਨੋਟਿਸ ਅਤੇ ਕਿਸੇ ਪ੍ਰਾਈਵੇਟ ਮੈਂਬਰ ਦੁਆਰਾ ਪੇਸ਼ ਕੀਤੇ ਜਾਣ ਵਾਲਾ ਕੋਈ ਹੋਰ ਕੰਮ-ਕਾਰ ਵੀ ਸ਼ਾਮਲ ਹੈ, ਇਸ ਬੈਠਕ ਦੇ ਦੌਰਾਨ ਸਦਨ ਦੇ ਸਾਹਮਣੇ ਨਾ ਲਿਆਂਦਾ ਜਾਵੇ ਜਾਂ ਸਦਨ ਵਿਚ ਨਾ ਕੀਤਾ ਜਾਵੇ ਅਤੇ ਪੰਜਾਬ ਵਿਧਾਨ ਸਭਾ ਦੀ ਕਾਰਜਵਿਧੀ ਅਤੇ ਕਾਰਜ ਸੰਚਾਲਣ ਨਿਯਮਾਵਲੀ ਵਿਚ ਇਸ ਵਿਸ਼ੇ ਨਾਲ ਸਾਰੇ ਸਬੰਧਤ ਨਿਯਮ ਉਸ ਹੱਦ ਤੱਕ ਮੁਅੱਤਲ ਕੀਤੇ ਗਏ ਸਮਝੇ ਜਾਣ।"

ਪ੍ਰਸਤਾਵ ਤੇ ਹੋਈ ਬਹਿਸ ਵਿਚ ਸਰਦਾਰ ਪ੍ਰਤਾਪ ਸਿੰਘ ਬਾਜਵਾ, ਵਿਰੋਧੀ ਧਿਰ ਦੇ ਨੇਤਾ 01 ਮਿੰਟ ਲਈ ਬੋਲੇ।

ਮਾਣਯੋਗ ਮੁੱਖ ਮੰਤਰੀ ਬਹਿਸ ਦਾ ਜਵਾਬ ਦਿੰਦੇ ਹੋਏ 01 ਮਿੰਟ ਲਈ ਬੋਲੇ।

7. **<u>ਵਿਧਾਨਕ ਕੰਮ-ਕਾਰ</u>**

1) **<u>ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧਨਾ) ਬਿਲ, 2026</u>**

ਮਾਣਯੋਗ ਮੁੱਖ ਮੰਤਰੀ ਨੇ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧਨਾ) ਬਿਲ, 2026 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

ਨਿਮਨਲਿਖਤ ਮੈਂਬਰਾਂ ਨੇ ਬਿਲ ਤੇ ਹੋਈ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਸਰਦਾਰ ਹਰਜੋਤ ਸਿੰਘ ਬੈਂਸ, ਸਿੱਖਿਆ ਮੰਤਰੀ | 05 ਮਿੰਟ |
| 2. | ਡਾ. ਇੰਦਰਬੀਰ ਸਿੰਘ ਨਿੱਜਰ, ਆਮ ਆਦਮੀ ਪਾਰਟੀ | 02 ਮਿੰਟ |
| 3. | ਪ੍ਰੋਫੈਸਰ ਬਲਜਿੰਦਰ ਕੌਰ, ਆਮ ਆਦਮੀ ਪਾਰਟੀ | 07 ਮਿੰਟ |
| 4. | ਸਰਦਾਰ ਪ੍ਰਤਾਪ ਸਿੰਘ ਬਾਜਵਾ, ਵਿਰੋਧੀ ਧਿਰ ਦੇ ਨੇਤਾ | 07 ਮਿੰਟ |
| 5. | ਸਰਦਾਰ ਹਰਪਾਲ ਸਿੰਘ ਚੀਮਾ, ਵਿੱਤ ਮੰਤਰੀ | 15 ਮਿੰਟ |
| 6. | ਸ੍ਰੀਮਤੀ ਇੰਦਰਜੀਤ ਕੌਰ ਮਾਨ, ਆਮ ਆਦਮੀ ਪਾਰਟੀ | 03 ਮਿੰਟ |
| 7. | ਸਰਦਾਰ ਗੁਰਮੀਤ ਸਿੰਘ ਖੁੱਡੀਆਂ, ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ | 07 ਮਿੰਟ |
| 8. | ਸਰਦਾਰ ਸੁਖਪਾਲ ਸਿੰਘ ਖਹਿਰਾ, ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ | 08 ਮਿੰਟ |
| 9. | ਸਰਦਾਰ ਮਨਵਿੰਦਰ ਸਿੰਘ ਗਿਆਸਪੁਰਾ, ਆਮ ਆਦਮੀ ਪਾਰਟੀ | 08 ਮਿੰਟ |
| 10. | ਸ੍ਰੀ ਅਮੋਲਕ ਸਿੰਘ, ਆਮ ਆਦਮੀ ਪਾਰਟੀ | 05 ਮਿੰਟ |
| 11. | ਸਰਦਾਰ ਮਨਪ੍ਰੀਤ ਸਿੰਘ ਇਆਲੀ, ਸ਼੍ਰੋਮਣੀ ਅਕਾਲੀ ਦਲ | 07 ਮਿੰਟ |
| 12. | ਸਰਦਾਰ ਪਰਗਟ ਸਿੰਘ ਪੋਆਰ, ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ | 09 ਮਿੰਟ |
| 13. | ਸ੍ਰੀ ਅਮਨ ਅਰੋੜਾ, ਨਵ ਤੇ ਨਵਿਆਉਣਯੋਗ ਊਰਜਾ ਸਰੋਤ ਮੰਤਰੀ | 05 ਮਿੰਟ |
| 14. | ਸ੍ਰੀ ਜੰਗੀ ਲਾਲ ਮਹਾਜਨ, ਭਾਰਤੀ ਜਨਤਾ ਪਾਰਟੀ | 01 ਮਿੰਟ |
| 15. | ਡਾ. ਨਛੱਤਰ ਪਾਲ, ਬਹੁਜਨ ਸਮਾਜ ਪਾਰਟੀ | 04 ਮਿੰਟ |
| 16. | ਸਰਦਾਰ ਤ੍ਰਿਪਤ ਰਜਿੰਦਰ ਸਿੰਘ ਬਾਜਵਾ, ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ | 03 ਮਿੰਟ |
| 17. | ਰਾਣਾ ਇੰਦਰ ਪ੍ਰਤਾਪ ਸਿੰਘ, ਅਜ਼ਾਦ | 05 ਮਿੰਟ |
| 18. | ਸਰਦਾਰ ਮਨਜੀਤ ਸਿੰਘ ਬਿਲਾਸਪੁਰ, ਆਮ ਆਦਮੀ ਪਾਰਟੀ | 05 ਮਿੰਟ |

ਬਿਲ ਤੇ ਹੋਈ ਬਹਿਸ ਦਾ ਜਵਾਬ ਦਿੰਦੇ ਹੋਏ ਮਾਣਯੋਗ ਮੁੱਖ ਮੰਤਰੀ 29 ਮਿੰਟਾਂ ਲਈ ਬੋਲੇ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ 2 ਤੋਂ 8 ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਏ।

ਮਾਣਯੋਗ ਮੁੱਖ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ ਕਿ "ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧਨਾ) ਬਿਲ, 2026 ਪਾਸ ਕੀਤਾ ਜਾਵੇ", ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

**8. <u>ਸਿਲੈਕਟ ਕਮੇਟੀ ਨੂੰ ਪੰਜਾਬ ਪਵਿੱਤਰ ਧਾਰਮਿਕ ਗ੍ਰੰਥਾਂ ਦੇ ਵਿਰੁੱਧ ਅਪਰਾਧਾਂ ਦੀ ਰੋਕਥਾਮ ਬਿਲ, 2025 ਸਬੰਧੀ ਰਿਪੋਰਟ ਪੇਸ਼ ਕਰਨ ਲਈ ਛੇ ਮਹੀਨੇ ਦਾ ਹੋਰ ਸਮੇਂ ਲੈਣ ਸਬੰਧੀ ਪ੍ਰਸਤਾਵ</u>**

ਸਿਲੈਕਟ ਕਮੇਟੀ ਦੇ ਚੇਅਰਮੈਨ ਡਾ. ਇੰਦਰਬੀਰ ਸਿੰਘ ਨਿੱਜਰ, ਐਮ.ਐਲ.ਏ ਵੱਲੋਂ ਹੇਠ ਲਿਖਿਆ ਪ੍ਰਸਤਾਵ ਸਦਨ ਵਿਚ ਪੇਸ਼ ਕੀਤਾ ਗਿਆ ਅਤੇ ਸਰਬਸੰਮਤੀ ਪ੍ਰਵਾਨ ਹੋਇਆ:

> "ਕਿ ਪੰਜਾਬ ਪਵਿੱਤਰ ਧਾਰਮਿਕ ਗ੍ਰੰਥਾਂ ਦੇ ਵਿਰੁੱਧ ਅਪਰਾਧਾਂ ਦੀ ਰੋਕਥਾਮ ਬਿਲ, 2025 ਸਬੰਧੀ ਗਠਿਤ ਪੰਜਾਬ ਵਿਧਾਨ ਸਭਾ ਦੀ ਸਿਲੈਕਟ ਕਮੇਟੀ ਨੂੰ ਰਿਪੋਰਟ ਪੇਸ਼ ਕਰਨ ਲਈ ਛੇ ਮਹੀਨੇ ਦਾ ਹੋਰ ਸਮਾਂ ਦਿੱਤਾ ਜਾਵੇ।"

ਪ੍ਰਸਤਾਵ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

ਉਪਰੰਤ ਸਦਨ ਅਣਮਿੱਥੇ ਸਮੇਂ ਲਈ ਸਥੱਗਿਤ ਹੋ ਗਿਆ।

ਚੰਡੀਗੜ੍ਹ — ਰਾਮ ਲੋਕ ਖਟਾਣਾ,
15 ਅਪ੍ਰੈਲ, 2026 — ਸਕੱਤਰ